# ਦਫਤਰ ਨਗਰ ਨਿਗਮ ਹੁਸ਼ਿਆਰਪੁਰ।
# ਪ੍ਰੈਸ ਨੋਟ

## ਵਾਰਡ ਨੰਬਰ 14 ਦੀ ਇੰਦਰਾ ਵਿਕਾਸ ਕਲੋਨੀ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪਾਰਕ ਦੇ ਕੰਮ ਦੀ ਮੇਅਰ ਸ਼ਿਵ ਸੂਦ ਨੇ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 19 ਦਿਸੰਬਰ ਨਗਰ ਨਿਗਮ, ਹੁਸ਼ਿਆਰਪੁਰ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 14 ਦੀ ਇੰਦਰਾ ਵਿਕਾਸ ਕਲੋਨੀ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪਾਰਕ ਦੇ ਕੰਮ ਦੀ ਸ਼ੁਰੂਆਤ ਮੁੱਹਲੇ ਦੇ ਬੁਜ਼ਰਗ ਗਰੀਬ ਦਾਸ ਤੋਂ ਰੀਬਨ ਕੱਟਵਾ ਕੇ ਕੀਤੀ। ਇਸ ਮੌਕੇ ਤੇ ਉਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ਼ ਸਿੰਘ ਬਾਦਲ ਵਲੋਂ ਪਿੱਛਲੇ ਦਿਨੀ ਹੁਸ਼ਿਆਰਪੁਰ ਵਿਖ ਕੀਤੇ ਸੰਗਤ ਦਰਸ਼ਨ ਦੌਰਾਨ ਵਾਰਡ ਨੰ: 14 ਦੀ ਇੰਦਰਾ ਵਿਕਾਸ ਕਲੋਨੀ ਦੇ ਨਿਵਾਸੀਆਂ ਦੀ ਮੰਗ ਅਨੁਸਾਰ 10 ਲੱਖ ਰੁਪਏ ਮਨਜ਼ੂਰ ਕੀਤੇ ਗਏ ਸਨ ਜ਼ੋ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਦੇ ਯਤਨਾ ਸਦਕਾ ਪ੍ਰਾਪਤ ਹੋ ਗਏ ਹਨ ਅਤੇ ਅੱਜ ਇਸ ਪਾਰਕ ਦੀ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ ਇਸ ਦੇ ਬਣਨ ਨਾਲ ਬੱਚਿਆ ਅਤੇ ਮੁੱਹਲਾ ਨਿਵਾਸੀਆਂ ਨੂੰ ਇਕ ਚੰਗੇ ਪਾਰਕ ਦੀ ਸੁਵਿਧਾ ਮਿਲੇਗੀ। ਉਨਾਂ ਦੱਸਿਆ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾ ਵਿੱਚ ਵੀ ਪਾਰਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜ਼ੋ ਸ਼ਹਿਰ ਵਾਸੀਆਂ ਨੂੰ ਸਾਫ-ਸੁਥਰਾ ਵਾਤਾਵਰਣ ਮੁੱਹਈਆ ਕਰਵਾਈਆ ਜਾ ਸਕੇ। ਇਸ ਮੌਕੇ ਤੇ ਮੁਹੱਲਾ ਨਿਵਾਸੀਆਂ ਨੇ ਮੇਅਰ ਸ਼ਿਵ ਸੂਦ ਵੱਲੋਂ ਪਾਰਕ ਦਾ ਕੰਮ ਸ਼ੁਰੂ ਕਰਵਾਉਣ ਤੇ ਉਨਾਂ ਦਾ ਧੰਨਵਾਦ ਕੀਤਾ।

ਵਾਰਡ ਨੰ: 14 ਦੇ ਕੌਂਸਲਰ ਬਲਵਿੰਦਰ ਬਿੰਦੀ, ਅਮਰਜੀਤ ਲਾਡੀ, ਡਾ ਰਾਜ਼ਨ ਬਾਂਸਲ, ਸ਼ਕਤੀ ਵਰਮਾ, ਵਿਜੈ ਪਾਲ, ਸੰਦੀਪ ਕੁਮਾਰ, ਰਕੇਸ਼ ਕੁਮਾਰ, ਕੇਵਲ ਸਿੰਘ, ਜਗਜੀਤ ਬੱਧਣ, ਸੁਨੀਲ ਸ਼ਰਮਾ, ਨਿਰਮਲ ਸਿੰਘ, ਰਘੂਨੰਦਨ, ਜਵਾਹਰ, ਨਵਲਦੀਪ ਸਿੰਘ, ਗੁਰਪ੍ਰੀਤ ਸਿੰਘ, ਮੋਹਨ ਸਿੰਘ, ਮਨਦੀਪ ਸਿੰਘ, ਲਛਮੀ ਦੇਵੀ, ਸੁਰਜੀਤ ਕੋਰ, ਪ੍ਰਕਾਸ਼ ਕੋਰ, ਅਤੇ ਸਮੂਹ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜਰ ਸਨ।